# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**20:30**

**ਮਿਤੀ : 10-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਚੇਨਈ ਵਿਖੇ 13 ਹਜ਼ਾਰ ਕਰੋੜ ਰੁਪਏ ਦੇ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ ।

- BJP ਨੇ ਕਿਹਾ ਕਿ ਹਾਲੀਆ ਜ਼ਿਮਨੀ-ਚੋਣਾਂ ਵਿੱਚ ਪਾਰਟੀ ਦੀ ਜਿੱਤ ਨੇ ਸਾਬਤ ਕੀਤਾ ਕਿ ਲੋਕਤੰਤਰ ਨੇ ਦੇਸ਼ ਵਿੱਚ ਅਰਾਜਕਤਾ ਫੈਲਾਉਣ ਦੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰ ਦਿੱਤਾ ਏ ।

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ -ਆਧੁਨਿਕ ਜੰਗ ਅਤੇ ਵਿਸ਼ਵ ਸੁਰੱਖਿਆ ਵਿਵਸਥਾ ਵਿੱਚ ਵੱਡੇ ਬਦਲਾਅ ਵਿਚਕਾਰ, ਭਾਰਤ ਆਪਣੇ ਗੁਆਂਢ ਅਤੇ ਇਸ ਤੋਂ ਬਾਹਰ ਦੇ ਘਟਨਾਕ੍ਰਮ ਅਤੇ ਉਨ੍ਹਾਂ ਦੇ ਰਣਨੀਤਕ ਪ੍ਰਭਾਵਾਂ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਏ।

- ਵਿਦੇਸ਼ ਮੰਤਰੀ ਡਾ. ਐੱਸ. ਜੈਸ਼ੰਕਰ ਵਲੋਂ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਵਿੱਚ ਸੁਧਾਰਾਂ ਦੀ ਮੰਗ- -ਕਿਹਾ ਭਾਰਤ ਅਤੇ ਅਫਰੀਕਾ ਆਲਮੀ ਫੈਸਲੇ ਲੈਣ ਦੀ ਪ੍ਰਕਿਰਿਆ ਵਿੱਚ ਘੱਟ ਨੁਮਾਇੰਦਗੀ ਵਾਲੀ ਸਥਿਤੀ ਵਿੱਚ ਨਹੀਂ ਰਹਿ ਸਕਦੇ ।

- ਰਾਸ਼ਟਰੀ ਜਾਂਚ ਏਜੰਸੀ ਨੇ, 'ਫਲਾਈ-ਦੁਬਈ' ਦੇ ਹਵਾਈ ਜਹਾਜ਼ ਵਿੱਚ ਹੋਏ ਹਮਲੇ ਦੀ ਜਾਂਚ ਬਾਰੇ ਮਾਮਲਾ ਦਰਜ ਕੀਤਾ।

- ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਮਰਦਾਂ ਦਾ ਤੀਜਾ 20-20 ਅੰਤਰ-ਰਾਸ਼ਟਰੀ ਮੈਚ ਕੱਲ੍ਹ ਇੰਦੌਰ ਵਿੱਚ ਖੇਡਿਆ ਜਾਵੇਗਾ।

## *ਹੁਣ ਖਬਰਾਂ ਵਿਸਥਾਰ ਨਾਲ*

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਚੇਨਈ ਦਾ ਦੌਰਾ ਕਰਨਗੇ। ਦੌਰੇ ਦੌਰਾਨ ਉਹ 13 ਹਜ਼ਾਰ ਕਰੋੜ ਰੁਪਏ ਦੇ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ। ਉਹ ਕਰੀਬ 4 ਹਜ਼ਾਰ 900 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਚੇਨਈ ਮੈਟਰੋ ਰੇਲ ਪ੍ਰੋਜੈਕਟ ਦੇ ਦੂਜੇ ਪੜਾਅ ਦੀ ਮੈਟਰੋ ਰੇਲ ਸੇਵਾ ਨੂੰ ਰਵਾਨਾ ਕਰਨਗੇ।

ਪ੍ਰਧਾਨ ਮੰਤਰੀ 750 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਰੇਲਵੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦੀ ਵੀ ਸ਼ੁਰੂਆਤ ਕਰਨਗੇ। ਇਨ੍ਹਾਂ ਵਿੱਚ

'ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ' ਤਹਿਤ ਮੁੜ-ਵਿਕਸਤ ਕੀਤੇ ਗਏ, ਪੰਜ ਅੰਮ੍ਰਿਤ ਭਾਰਤ ਸਟੇਸ਼ਨਾਂ ਦਾ ਉਦਘਾਟਨ ਵੀ ਸ਼ਾਮਲ ਏ।

-----------------------------------------------------------

ਭਾਰਤੀ ਜਨਤਾ ਪਾਰਟੀ ਨੇ ਅੱਜ ਕਿਹਾ ਕਿ ਹਾਲੀਆ ਜ਼ਿਮਨੀ-ਚੋਣਾਂ ਵਿੱਚ ਪਾਰਟੀ ਦੀ ਜਿੱਤ ਨੇ ਇਹ ਸਾਬਤ ਕਰ ਦਿੱਤਾ ਏ ਕਿ, ਲੋਕਤੰਤਰ ਨੇ ਦੇਸ਼ ਵਿੱਚ ਅਰਾਜਕਤਾ ਫੈਲਾਉਣ ਦੀ ਕੋਸ਼ਿਸ਼ ਕਰਨ ਵਾਲੇ ਲੋਕਾਂ ਦੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰ ਦਿੱਤਾ ਏ। ਨਵੀਂ ਦਿੱਲੀ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਬੀਜੇਪੀ ਸੰਸਦ ਮੈਂਬਰ ਰਵੀ ਸ਼ੰਕਰ ਪ੍ਰਸਾਦ ਨੇ ਕਿਹਾ ਕਿ ਪਾਰਟੀ, ਸ਼ਾਂਤਮਈ ਵਿਰੋਧ ਪ੍ਰਦਰਸ਼ਨਾਂ ਦੇ ਖਿਲਾਫ ਨਹੀਂ ਏ, ਪਰ ਵਿਰੋਧੀ ਪਾਰਟੀਆਂ ਚੋਣਾਂ ਵਿੱਚ ਹਾਰ ਦੀ ਭਰਪਾਈ ਲਈ, ਸੜਕਾਂ 'ਤੇ ਉਤਰ ਕੇ ਵਿਰੋਧ ਪ੍ਰਦਰਸ਼ਨ ਦਾ ਸਹਾਰਾ ਲੈ ਰਹੀਆਂ ਨੇ। ਉਨ੍ਹਾਂ ਨੇ ਵਿਰੋਧੀ ਪਾਰਟੀਆਂ 'ਤੇ ਇਹ ਇਲਜ਼ਾਮ ਲਾਇਆ ਕਿ ਉਹ ਆਪਣੇ ਵਿਰੋਧ ਪ੍ਰਦਰਸ਼ਨਾਂ ਰਾਹੀਂ, ਪਿਛਲੇ ਤਿੰਨ-ਚਾਰ ਦਿਨਾਂ ਤੋਂ, ਦਿੱਲੀ ਦੇ ਲੋਕਾਂ ਲਈ ਮੁਸ਼ਕਲਾਂ ਪੈਦਾ ਕਰ ਰਹੇ ਨੇ।

**BYTE: RAVI SHANKAR PRASAD**

-----------------------------------------------------------

ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਨੇ ਕਿਹਾ ਏ ਕਿ ਲੋਕ ਸਭਾ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਅਤੇ ਆਮ ਆਦਮੀ

ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਸਹਿਯੋਗੀ ਸੀਜੇਪੀ, ਦੇਸ਼ ਵਿੱਚ ਇੱਕ ਖ਼ਤਰਨਾਕ ਅਤੇ ਗੰਭੀਰ ਸਥਿਤੀ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੇ ਨੇ।

ਦਿੱਲੀ ਵਿੱਚ ਸੀਜੇਪੀ ਦੇ ਵਿਰੋਧ ਪ੍ਰਦਰਸ਼ਨ ਦੌਰਾਨ ਪੱਤਰਕਾਰਾਂ ਨਾਲ ਗੱਲ ਕਰਦਿਆਂ, ਨਿਤਿਨ ਨਵੀਨ ਨੇ ਕਿਹਾ ਕਿ ਮੌਜੂਦਾ ਸਥਿਤੀ ਦੇਸ਼ ਦੀ ਸ਼ਾਂਤੀ ਅਤੇ ਵਿਕਾਸ ਨੂੰ ਅਸਥਿਰ ਕਰਨ ਦੀ ਇੱਕ ਕੋਸ਼ਿਸ਼ ਏ।

---------------------------------------------------

ਦਿੱਲੀ ਪੁਲਿਸ ਨੇ ਅੱਜ ਜੰਤਰ-ਮੰਤਰ 'ਤੇ ਸੀਜੇਪੀ ਵੱਲੋਂ ਦਿੱਤੇ ਗਏ ਵਿਰੋਧ ਪ੍ਰਦਰਸ਼ਨ ਦੇ ਸੱਦੇ ਦੇ ਮੱਦੇਨਜ਼ਰ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਨਵੀਂ ਦਿੱਲੀ ਖੇਤਰ ਵਿੱਚ ਵਿਆਪਕ ਸੁਰੱਖਿਆ ਪ੍ਰਬੰਧ ਕੀਤੇ ਨੇ।

ਨਵੀਂ ਦਿੱਲੀ ਜ਼ਿਲ੍ਹੇ ਵਿੱਚ ਕਈ ਚੌਕੀਆਂ 'ਤੇ ਪੁਲਿਸ ਕਰਮਚਾਰੀ ਤਾਇਨਾਤ ਨੇ। ਮੀਡੀਆ ਨਾਲ ਗੱਲਬਾਤ ਕਰਦਿਆਂ, ਦਿੱਲੀ ਪੁਲਿਸ ਦੇ ਡਿਪਟੀ ਕਮਿਸ਼ਨਰ ਕੁਮਾਰ ਅਭਿਸ਼ੇਕ ਨੇ ਕਿਹਾ ਕਿ ਖੇਤਰ ਵਿੱਚ ਜਨਤਕ ਵਿਵਸਥਾ ਨੂੰ ਵਿਘਨ ਨਾ ਪਾਉਣ ਲਈ ਵਿਆਪਕ ਪ੍ਰਬੰਧ ਕੀਤੇ ਗਏ ਨੇ। ਉਨ੍ਹਾਂ ਕਿਹਾ ਕਿ ਨਵੀਂ ਦਿੱਲੀ ਖੇਤਰ ਵਿੱਚ ਰੋਕਥਾਮ ਜਾਂਚ ਲਾਗੂ ਕੀਤੀਆਂ ਗਈਆਂ ਨੇ।

**BYTE: DCP ABHISHEK**

---------------------------------------------------

ਦਿੱਲੀ ਮੈਟਰੋ ਰੇਲ ਕਾਰਪੋਰੇਸ਼ਨ (DMRC) ਨੇ ਕਿਹਾ ਏ ਕਿ ਸੁਰੱਖਿਆ ਕਾਰਨਾਂ ਕਰਕੇ ਅੱਜ ਰਾਤ 10 ਵਜੇ ਤੱਕ 45 ਮੈਟਰੋ ਸਟੇਸ਼ਨ ਬੰਦ ਰਹਿਣਗੇ। ਇਹ ਸਟੇਸ਼ਨ ਕੱਲ੍ਹ ਰਾਤ 9 ਵਜੇ ਤੋਂ ਬੰਦ ਨੇ। DMRC ਨੇ ਕਿਹਾ ਕਿ ਸੁਰੱਖਿਆ ਏਜੰਸੀਆਂ ਸਥਿਤੀ ਦੀ ਸਮੀਖਿਆ ਕਰਨਗੀਆਂ ਅਤੇ ਉਸ ਅਨੁਸਾਰ ਲੋੜੀਂਦੀ ਜਾਣਕਾਰੀ ਮੁਹੱਈਆ ਕਰਵਾਈ ਜਾਵੇਗੀ।

ਇਸੇ ਦੌਰਾਨ ਦਿੱਲੀ ਵਿੱਚ ਵਿਰੋਧ ਪ੍ਰਦਰਸ਼ਨਾਂ ਕਾਰਨ ਵਧੇ ਹੋਏ ਸੁਰੱਖਿਆ ਪ੍ਰਬੰਧਾਂ ਅਤੇ ਆਵਾਜਾਈ ਪਾਬੰਦੀਆਂ ਦੇ ਮੱਦੇਨਜ਼ਰ, ਦਿੱਲੀ ਹਵਾਈ ਅੱਡਾ ਪ੍ਰਸ਼ਾਸਨ ਨੇ ਅੱਜ ਦਿੱਲੀ ਆਉਣ-ਜਾਣ ਵਾਲੇ ਮੁਸਾਫ਼ਰਾਂ ਲਈ ਇੱਕ ਸਲਾਹ ਜਾਰੀ ਕੀਤੀ ਏ ਜਿਸ ਵਿੱਚ ਉਨ੍ਹਾਂ ਨੂੰ ਆਪਣੀ ਯਾਤਰਾ ਦੀ ਪਹਿਲਾਂ ਤੋਂ ਯੋਜਨਾ ਬਣਾਉਣ ਦੀ ਅਪੀਲ ਕੀਤੀ ਗਈ ਏ।

---

ਸਰਕਾਰ ਨੇ ਸੋਸ਼ਲ ਮੀਡੀਆ 'ਤੇ ਗੁੰਮਰਾਹਕੁੰਨ ਪੋਸਟਾਂ ਦਾ ਖੰਡਨ ਕੀਤਾ ਏ। ਇਨ੍ਹਾਂ ਪੋਸਟਾਂ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਅਧਿਕਾਰੀਆਂ ਨੇ ਵਿਰੋਧ ਪ੍ਰਦਰਸ਼ਨਾਂ ਵਿੱਚ ਵਿਘਨ ਪਾਉਣ ਲਈ, ਜਾਣ-ਬੁੱਝ ਕੇ ਦਿੱਲੀ ਵਿੱਚ ਕੂੜਾ ਸੁੱਟਿਆ ਸੀ। PIB ਦੀ ਤੱਥਾਂ ਦੀ ਜਾਂਚ ਬਾਰੇ ਇਕਾਈ ਨੇ ਸਪੱਸ਼ਟ ਕੀਤਾ ਏ ਕਿ, ਇਹ ਦਾਅਵਾ ਝੂਠਾ ਏ। PIB ਨੇ ਦੱਸਿਆ ਕਿ ਇਹ ਵੀਡੀਓ ਹਰਿਆਣਾ ਦੇ ਪਾਨੀਪਤ ਦਾ ਏ ਅਤੇ ਅਗਸਤ ਮਹੀਨੇ ਦਾ ਏ। ਇਹ ਵੀਡੀਓ ਆਪਣੀਆਂ ਮੰਗਾਂ ਮਨਵਾਉਣ ਲਈ ਪ੍ਰਦਰਸ਼ਨ ਕਰ ਰਹੇ ਸਫਾਈ ਕਰਮਚਾਰੀਆਂ ਦੀ ਹੜਤਾਲ ਨਾਲ ਸਬੰਧਤ ਏ।

---

ਦਿੱਲੀ ਦੀ ਇੱਕ ਅਦਾਲਤ ਨੇ ਅੱਜ ਆਮ ਆਦਮੀ ਪਾਰਟੀ ਦੇ ਸਾਬਕਾ ਕੌਂਸਲਰ, ਤਾਹਿਰ ਹੁਸੈਨ ਨੂੰ ਦਿਆਲਪੁਰ ਇਲਾਕੇ ਵਿੱਚ, 2020 ਦੇ ਉੱਤਰ-ਪੂਰਬੀ ਦਿੱਲੀ ਦੰਗਿਆਂ ਨਾਲ ਸਬੰਧਤ ਇੱਕ ਮਾਮਲੇ ਵਿੱਚ, ਦੰਗੇ ਭੜਕਾਉਣ ਲਈ ਦੋਸ਼ੀ ਠਹਿਰਾਇਆ ਏ।

ਵਧੀਕ ਸੈਸ਼ਨ ਜੱਜ, ਪ੍ਰਵੀਨ ਸਿੰਘ ਨੇ ਹੁਸੈਨ ਨੂੰ IPC ਦੀ ਸਬੰਧਤ ਧਾਰਾ ਤਹਿਤ ਦੋਸ਼ੀ ਠਹਿਰਾਇਆ ਏ।

ਅਦਾਲਤ ਨੇ ਹੁਸੈਨ ਲਈ ਸਜ਼ਾ ਦੀ ਮਿਆਦ ਤੈਅ ਕਰਨ ਸਬੰਧੀ, ਸੁਣਵਾਈ 16 ਨਵੰਬਰ ਨੂੰ ਨਿਰਧਾਰਤ ਕੀਤੀ ਏ।

---

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ ਆਧੁਨਿਕ ਜੰਗ ਅਤੇ ਵਿਸ਼ਵ ਸੁਰੱਖਿਆ ਵਿਵਸਥਾ ਵਿੱਚ ਵੱਡੇ ਬਦਲਾਅ ਵਿਚਕਾਰ, ਭਾਰਤ ਆਪਣੇ ਗੁਆਂਢ ਅਤੇ ਇਸ ਤੋਂ ਬਾਹਰ ਦੇ ਘਟਨਾਕ੍ਰਮ ਅਤੇ ਉਨ੍ਹਾਂ ਦੇ ਰਣਨੀਤਕ ਪ੍ਰਭਾਵਾਂ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਏ। ਜੋਧਪੁਰ ਏਅਰ ਫੋਰਸ ਸਟੇਸ਼ਨ 'ਤੇ ਤਰੰਗ ਸ਼ਕਤੀ 2026 ਅਭਿਆਸ ਨੂੰ ਸੰਬੋਧਨ ਕਰਦੇ ਹੋਏ, ਰਾਜਨਾਥ ਸਿੰਘ ਨੇ ਕਿਹਾ ਕਿ ਭਾਰਤੀ ਹਥਿਆਰਬੰਦ ਸੈਨਾਵਾਂ ਇੱਕ ਆਤਮ - ਨਿਰਭਰ ਭਾਰਤ ਦੇ ਦ੍ਰਿਸ਼ਟੀਕੋਣ ਨਾਲ ਨਿਰਦੇਸ਼ਤ, ਆਪਣੀ ਬਣਤਰ, ਸਮਰੱਥਾਵਾਂ ਅਤੇ ਰਣਨੀਤਕ ਦ੍ਰਿਸ਼ਟੀਕੋਣ ਵਿੱਚ ਬੁਨਿਆਦੀ ਤਬਦੀਲੀਆਂ ਵਿੱਚੋਂ ਗੁਜ਼ਰ ਰਹੀਆਂ ਨੇ।

**BYTE: RAJNATH SINGH**

---------------------------------------------------------

ਵਿਦੇਸ਼ ਮੰਤਰੀ ਡਾ. ਐੱਸ. ਜੈਸ਼ੰਕਰ ਨੇ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਵਿੱਚ ਸੁਧਾਰਾਂ ਦੀ ਮੰਗ ਕਰਦਿਆਂ ਕਿਹਾ ਏ ਕਿ, ਭਾਰਤ ਅਤੇ ਅਫਰੀਕਾ ਆਲਮੀ ਫੈਸਲੇ ਲੈਣ ਦੀ ਪ੍ਰਕਿਰਿਆ ਵਿੱਚ ਘੱਟ ਨੁਮਾਇੰਦਗੀ ਵਾਲੀ ਸਥਿਤੀ ਵਿੱਚ ਨਹੀਂ ਰਹਿ ਸਕਦੇ। ਅਦੀਸ ਅਬਾਬਾ ਵਿੱਚ 'ਅਦਵਾ ਵਿਕਟਰੀ ਮੈਮੋਰੀਅਲ ਮਿਊਜ਼ੀਅਮ' ਵਿੱਚ ਇੱਕ ਜਨਸਭਾ ਦੌਰਾਨ, ਡਾ. ਜੈਸ਼ੰਕਰ ਨੇ ਸਥਾਈ ਅਤੇ ਗੈਰ-ਸਥਾਈ ਮੈਂਬਰਸ਼ਿਪ ਸ਼੍ਰੇਣੀਆਂ ਦੋਵਾਂ ਵਿੱਚ ਅਫਰੀਕਾ ਦੀ ਬਣਦੀ ਨੁਮਾਇੰਦਗੀ ਦੀ ਮੰਗ ਕੀਤੀ। ਉਨ੍ਹਾਂ ਨੇ 2023 ਵਿੱਚ, G20 ਦੀ ਪ੍ਰਧਾਨਗੀ ਦੌਰਾਨ, ਅਫਰੀਕੀ ਸੰਘ ਨੂੰ ਸਥਾਈ ਮੈਂਬਰਸ਼ਿਪ ਦਿਵਾਉਣ ਲਈ, ਭਾਰਤ ਵੱਲੋਂ ਕੀਤੀਆਂ ਗਈਆਂ ਕੋਸ਼ਿਸ਼ਾਂ ਦਾ ਜ਼ਿਕਰ ਕੀਤਾ।

ਤਿੰਨ ਅਫਰੀਕੀ ਦੇਸ਼ਾਂ ਦੇ ਆਪਣੇ ਦੌਰੇ ਦੇ ਆਖਰੀ ਪੜਾਅ ਵਿੱਚ, ਡਾ. ਜੈਸ਼ੰਕਰ ਨੇ ਕਿਹਾ ਕਿ ਭਾਰਤ, ਅਫਰੀਕਾ ਦਾ ਚੌਥਾ ਸਭ ਤੋਂ ਵੱਡਾ ਵਪਾਰਕ ਭਾਈਵਾਲ ਏ ਅਤੇ ਦੋਵਾਂ ਵਿਚਕਾਰ ਵਪਾਰ ਕਰੀਬ 100 ਅਰਬ ਅਮਰੀਕੀ ਡਾਲਰ ਤੱਕ ਪਹੁੰਚ ਗਿਆ ਏ। ਉਨ੍ਹਾਂ ਦੱਸਿਆ ਕਿ ਪੂਰੇ ਅਫਰੀਕਾ ਵਿੱਚ, ਭਾਰਤ ਦੇ ਸਹਿਯੋਗ ਨਾਲ, 4.5 ਅਰਬ ਡਾਲਰ ਦੀ ਲਾਗਤ ਵਾਲੇ 220 ਤੋਂ ਵੱਧ ਵਿਕਾਸ ਪ੍ਰੋਜੈਕਟ ਮੁਕੰਮਲ ਕੀਤੇ ਜਾ ਚੁਕੇ ਨੇ। ਉਨ੍ਹਾਂ ਨੇ ਭਾਰਤੀ ਕਾਰੋਬਾਰੀਆਂ ਨੂੰ ਅਫਰੀਕੀ ਮਹਾਂਦੀਪ ਵਿੱਚ ਨਿਵੇਸ਼ ਕਰਨ ਲਈ

ਉਤਸ਼ਾਹਿਤ ਕੀਤਾ ਅਤੇ ਖੁਰਾਕ ਸੁਰੱਖਿਆ, ਖੇਤੀਬਾੜੀ ਅਤੇ ਨਿਰੰਤਰ ਵਿਕਾਸ ਦੇ ਖੇਤਰਾਂ ਵਿੱਚ ਮਜ਼ਬੂਤ ਸਹਿਯੋਗ ਦਾ ਵੀ ਸੱਦਾ ਦਿੱਤਾ।

---------------------------------------------------------------------

ਰਾਸ਼ਟਰੀ ਜਾਂਚ ਏਜੰਸੀ (NIA) ਨੇ 'ਫਲਾਈ-ਦੁਬਈ' ਦੇ ਹਵਾਈ ਜਹਾਜ਼ ਵਿੱਚ ਪਿਛਲੇ ਮਹੀਨੇ ਉਡਾਣ ਦੌਰਾਨ, ਕਾਕਪਿਟ ਵਿੱਚ ਹੋਏ ਹਮਲੇ ਦੀ ਜਾਂਚ ਲਈ ਇੱਕ ਮਾਮਲਾ ਦਰਜ ਕੀਤਾ ਏ। ਇਹ ਹਮਲਾ ਕੈਪਟਨ ਸਮਿਤ ਮੱਛਾਰ 'ਤੇ ਕੀਤਾ ਗਿਆ ਸੀ। ਇਹ ਮਾਮਲਾ ''ਐਂਟੀ-ਹਾਈਜੈਕਿੰਗ ਐਕਟ, 2016' ਅਤੇ 'ਗੈਰ-ਕਾਨੂੰਨੀ ਗਤੀਵਿਧੀਆਂ ਰੋਕਥਾਮ ਐਕਟ, 1967' ਦੀਆਂ ਸਬੰਧਤ ਧਾਰਾਵਾਂ ਤਹਿਤ ਦਰਜ ਕੀਤਾ ਗਿਆ ਏ।

ਪਿਛਲੇ ਮਹੀਨੇ ਦੀ 30 ਤਰੀਕ ਨੂੰ ਦੁਬਈ ਤੋਂ ਤੇਲ ਅਵੀਵ ਜਾ ਰਹੀ 'ਫਲਾਈ-ਦੁਬਈ' ਦੀ ਉਡਾਣ ਦੌਰਾਨ, ਗੁਜਰਾਤ ਦੇ ਨਿਵਾਸੀ ਕੈਪਟਨ ਸਮਿਤ ਮੱਛਾਰ 'ਤੇ ਕਾਕਪਿਟ ਵਿੱਚ ਉਨ੍ਹਾਂ ਦੇ ਸਹਿ-ਪਾਇਲਟ ਨੇ ਚਾਕੂ ਨਾਲ ਹਮਲਾ ਕੀਤਾ ਸੀ, ਜਿਸ ਨਾਲ ਉਹ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ ਸਨ।

---------------------------------------------------------------------

ਵਿਗਿਆਨ ਅਤੇ ਤਕਨਾਲੋਜੀ ਮੰਤਰੀ, ਡਾ. ਜਿਤੇਂਦਰ ਸਿੰਘ ਨੇ ਕਿਹਾ ਏ ਕਿ ਸਾਲ 2047 ਲਈ, ਦੇਸ਼ ਦੇ ਟੀਚਿਆਂ ਨੂੰ ਹਾਸਿਲ ਕਰਨ ਵਾਸਤੇ, ਉਦਯੋਗਾਂ ਨੂੰ ਨਵੀਨਤਾ ਵਿੱਚ ਤੇਜ਼ੀ ਲਿਆਉਣ, ਵਿਗਿਆਨਕ ਖੋਜ ਨੂੰ

ਵਪਾਰਕ ਉੱਦਮਾਂ ਵਿੱਚ ਤਬਦੀਲ ਕਰਨ ਅਤੇ ਭਾਰਤ ਦੀਆਂ ਤਕਨੀਕੀ ਸਮਰੱਥਾਵਾਂ ਨੂੰ ਵਧਾਉਣ ਲਈ ਅੱਗੇ ਆਉਣਾ ਹੋਵੇਗਾ।

ਡਾ. ਸਿੰਘ ਨਵੀਂ ਦਿੱਲੀ ਵਿੱਚ, ਪੀ.ਐਚ.ਡੀ. ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਦੇ 121ਵੇਂ ਸਾਲਾਨਾ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ। ਡਾ. ਸਿੰਘ ਨੇ ਕਿਹਾ ਕਿ ਤਕਨਾਲੋਜੀ ਵਿਕਾਸ ਦੇ ਅਗਲੇ ਪੜਾਅ ਵਿੱਚ, ਕਿਤੇ ਹੋਰ ਵਿਕਸਿਤ ਕੀਤੀਆਂ ਗਈਆਂ ਤਕਨਾਲੋਜੀਆਂ ਨੂੰ ਅਪਣਾਉਣ ਤੋਂ ਅੱਗੇ ਵਧ ਕੇ, ਆਲਮੀ ਪੱਧਰੀ ਮਹੱਤਤਾ ਵਾਲੇ ਸਵਦੇਸ਼ੀ ਹੱਲ ਤਿਆਰ ਕਰਨਾ ਬਹੁਤ ਜ਼ਰੂਰੀ ਹੋ ਗਿਆ ਏ।

---------------------------------------------------------------

10ਵੀਂ ਇੰਡੀਆ ਮੋਬਾਈਲ ਕਾਂਗਰਸ ਅੱਜ ਨਵੀਂ ਦਿੱਲੀ ਵਿੱਚ ਖਤਮ ਹੋ ਗਈ ਏ। ਚਾਰ ਦਿਨਾਂ ਦੇ ਇਸ ਸਮਾਗਮ ਵਿੱਚ ਅਹਿਮ ਚਰਚਾਵਾਂ, ਬਹੁ-ਪੱਖੀ ਸਹਿਯੋਗ ਅਤੇ ਤਕਨਾਲੋਜੀ ਦਾ ਪ੍ਰਦਰਸ਼ਨ ਹੋਇਆ, ਜਿਨ੍ਹਾਂ ਨੇ ਇੱਕ ਆਲਮੀ ਡਿਜੀਟਲ CREATOR ਵਜੋਂ ਭਾਰਤ ਦੀ ਸਥਿਤੀ ਨੂੰ ਹੋਰ ਮਜ਼ਬੂਤ ਕੀਤਾ। 'ਸੀਮਾਵਾਂ ਬਿਨ੍ਹਾ ਵਿਸਥਾਰ' ਦੇ ਵਿਸ਼ੇ 'ਤੇ ਆਧਾਰਿਤ ਇਸ ਸਮਾਗਮ ਦੇ ਆਖਰੀ ਦਿਨ, ਜ਼ਮੀਨੀ ਪੱਧਰ 'ਤੇ ਉੱਚ-ਪੱਧਰੀ ਨੀਤੀਆਂ ਅਤੇ ਮਿਆਰੀਕਰਨ ਨੂੰ ਲਾਗੂ ਕਰਨ 'ਤੇ ਜ਼ੋਰ ਦਿੱਤਾ ਗਿਆ। ਇਸ ਵਿੱਚ AI ਦੀ ਵਰਤੋਂ, ਨੌਜਵਾਨਾਂ ਦੀ ਅਗਵਾਈ ਵਾਲੇ ਅਤਿ-ਆਧੁਨਿਕ ਰੋਬੋਟਿਕਸ, ਆਟੋਨੋਮਸ 5G AI ਏਜੰਟਾਂ ਅਤੇ ਅੰਤਿਮ ਪੜਾਅ ਤੱਕ

ਡਿਜੀਟਲ ਸੇਵਾ ਪਹੁੰਚਾਉਣ ਲਈ, ਲੋੜੀਂਦੀਆਂ ਪ੍ਰਸ਼ਾਸਨਿਕ ਲੋੜਾਂ 'ਤੇ ਧਿਆਨ ਕੇਂਦਰਿਤ ਕੀਤਾ ਗਿਆ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਸਵਦੇਸ਼ੀ IP ਅਤੇ ਖੁਦਮੁਖਤਿਆਰ ਸੈਮੀਕੰਡਕਟਰ ਦੇ ਵਿਜ਼ਨ ਨਾਲ 'ਇੰਡੀਆ ਮੋਬਾਈਲ ਕਾਂਗਰਸ' ਦਾ ਉਦਘਾਟਨ ਕਰਨ ਤੋਂ ਲੈ ਕੇ ਸੰਚਾਰ ਮੰਤਰੀ ਜੋਤੀਰਾਦਿੱਤਿਆ ਸਿੰਧੀਆ ਵੱਲੋਂ ਆਲਮੀ 6G ਪੇਟੈਂਟ ਵਿੱਚ 10 ਫ਼ੀਸਦੀ ਹਿੱਸੇਦਾਰੀ ਹਾਸਲ ਕਰਨ ਦੇ ਭਾਰਤ ਦੇ ਟੀਚੇ 'ਤੇ ਜ਼ੋਰ ਦੇਣ ਤੱਕ, ਇਸ ਸਮਾਗਮ ਨੇ ਦੇਸ਼ ਦੀ ਤਕਨਾਲੋਜੀ ਦੇ ਖਪਤਕਾਰ ਤੋਂ ਆਲਮੀ ਦੂਰਸੰਚਾਰ ਮਿਆਰਾਂ ਦੇ ਨਿਰਮਾਤਾ ਬਣਨ ਦੀ ਯਾਤਰਾ ਨੂੰ ਹੋਰ ਵੀ ਮਜ਼ਬੂਤ ਕੀਤਾ ਏ।

---------------------------------------------------------

ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਮਰਦਾਂ ਦਾ ਤੀਜਾ 20-20 ਅੰਤਰਰਾਸ਼ਟਰੀ ਮੈਚ ਕੱਲ੍ਹ ਇੰਦੌਰ ਦੇ ਹੋਲਕਰ ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਇਹ ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ।

---------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਚੇਨਈ ਵਿਖੇ 13 ਹਜ਼ਾਰ ਕਰੋੜ ਰੁਪਏ ਦੇ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ ।

- BJP ਨੇ ਕਿਹਾ ਕਿ ਹਾਲੀਆ ਜ਼ਿਮਨੀ-ਚੋਣਾਂ ਵਿੱਚ ਪਾਰਟੀ ਦੀ ਜਿੱਤ ਨੇ ਸਾਬਤ ਕੀਤਾ ਕਿ ਲੋਕਤੰਤਰ ਨੇ ਦੇਸ਼ ਵਿੱਚ ਅਰਾਜਕਤਾ ਫੈਲਾਉਣ ਦੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰ ਦਿੱਤਾ ਏ ।

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ -ਆਧੁਨਿਕ ਜੰਗ ਅਤੇ ਵਿਸ਼ਵ ਸੁਰੱਖਿਆ ਵਿਵਸਥਾ ਵਿੱਚ ਵੱਡੇ ਬਦਲਾਅ ਵਿਚਕਾਰ, ਭਾਰਤ ਆਪਣੇ ਗੁਆਂਢ ਅਤੇ ਇਸ ਤੋਂ ਬਾਹਰ ਦੇ ਘਟਨਾਕ੍ਰਮ ਅਤੇ ਉਨ੍ਹਾਂ ਦੇ ਰਣਨੀਤਕ ਪ੍ਰਭਾਵਾਂ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਏ।

- ਵਿਦੇਸ਼ ਮੰਤਰੀ ਡਾ. ਐੱਸ. ਜੈਸ਼ੰਕਰ ਵਲੋਂ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਵਿੱਚ ਸੁਧਾਰਾਂ ਦੀ ਮੰਗ- -ਕਿਹਾ ਭਾਰਤ ਅਤੇ ਅਫਰੀਕਾ ਆਲਮੀ ਫੈਸਲੇ ਲੈਣ ਦੀ ਪ੍ਰਕਿਰਿਆ ਵਿੱਚ ਘੱਟ ਨੁਮਾਇੰਦਗੀ ਵਾਲੀ ਸਥਿਤੀ ਵਿੱਚ ਨਹੀਂ ਰਹਿ ਸਕਦੇ ।

- ਰਾਸ਼ਟਰੀ ਜਾਂਚ ਏਜੰਸੀ ਨੇ, 'ਫਲਾਈ-ਦੁਬਈ' ਦੇ ਹਵਾਈ ਜਹਾਜ਼ ਵਿੱਚ ਹੋਏ ਹਮਲੇ ਦੀ ਜਾਂਚ ਬਾਰੇ ਮਾਮਲਾ ਦਰਜ ਕੀਤਾ।

- ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਮਰਦਾਂ ਦਾ ਤੀਜਾ 20-20 ਅੰਤਰ-ਰਾਸ਼ਟਰੀ ਮੈਚ ਕੱਲ੍ਹ ਇੰਦੌਰ ਵਿੱਚ ਖੇਡਿਆ ਜਾਵੇਗਾ।

--------------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!**